
# ਲੇਟਰਮੂਵੀਰ LETERMOVIR

- ਇਹ ਪਰੇਵੀਮਿਸ® ਕਰ ਕੇ ਵੀ ਜਾਣੀ ਜਾਂਦੀ ਹੈ
- ਇਸ ਦਵਾਈ ਦੀਆਂ ਖਾਣ ਵਾਲੀਆਂ ਗੋਲੀਆਂ ਮਿਲਦੀਆਂ ਹਨ।

## ਇਹ ਦਵਾਈ ਕਿਹੋ ਜਿਹੀ ਨਜ਼ਰ ਆਉਂਦੀ ਹੈ? What does the medication look like?

**ਲੇਟਰਮੂਵੀਰ 480 ਮਿ.ਗ੍ਰਾਮ ਦੀ ਗੋਲੀ**



## ਇਹ ਦਵਾਈ ਕਿਸ ਲਈ ਹੈ? What is this medication for?

ਇਹ ਐਂਟੀਵਾਇਰਲ ਦਵਾਈ ਹੈ। ਜਿਨ੍ਹਾਂ ਮਰੀਜ਼ਾਂ ਦਾ ਇਮਿਊਨ ਸਿਸਟਮ ਕਮਜ਼ੋਰ ਹੁੰਦਾ ਹੈ (ਮਿਸਾਲ ਲਈ ਅੰਗ ਬਦਲਨ ਤੋਂ ਬਾਅਦ), ਉਨ੍ਹਾਂ ਵਿਚ ਇਹ ਦਵਾਈ ਵਾਇਰਲ ਇਨਫ਼ੈਕਸ਼ਨ CMV ਸਿਟੋਮੇਗਲੋਵਾਇਰਸ (Cytomegalovirus) ਨੂੰ ਰੋਕਣ ਲਈ ਵਰਤੀ ਜਾਂਦੀ ਹੈ ਜਦੋਂ ਆਮ ਐਂਟੀਵਾਇਰਲ ਦਵਾਈ ਵੇਲਗਨਸਿਕਲੋਵੀਰ (valganciclovir) ਕੰਮ ਨਹੀਂ ਕਰਦੀ ਜਾਂ ਵਿਅਕਤੀ ਅੰਦਰ ਵੇਲਗਨਸਿਕਲੋਵੀਰ ਤੋਂ ਬੁਰੇ ਪ੍ਰਭਾਵ ਪੈਦਾ ਹੁੰਦੇ ਹਨ।

## ਮੈਂ ਇਹ ਦਵਾਈ ਕਿਵੇਂ ਲਵਾਂ? How should I take this medication?

| | |
|---|---|
| ਇਹ ਦਵਾਈ ਦਿਨ ਵਿਚ **ਇੱਕ ਵਾਰ** ਲਵੋ (ਮਿਸਾਲ ਲਈ ਰੋਜ਼ 9 ਵਜੇ ਸੁਬਾ) | ਤੁਹਾਡੀ ਦਵਾਈ ਦਾ ਟਾਈਮ: ____________________ |

- ਇਹ ਦਵਾਈ ਖਾਣੇ ਦੇ ਨਾਲ ਜਾਂ ਖਾਣੇ ਤੋਂ ਬਿਨਾਂ ਲਈ ਜਾ ਸਕਦੀ ਹੈ।
- ਇਸ ਨੂੰ ਦਿਨ ਦੇ ਕਿਸੇ ਸਮੇਂ ਵੀ ਲਿਆ ਜਾ ਸਕਦਾ ਹੈ ਅਤੇ ਹੋਰ ਦਵਾਈਆਂ ਵਾਂਗ ਨਿਸ਼ਚਿਤ ਸਮੇਂ ਤੇ ਹੀ ਲੈਣੀ ਚਾਹੀਦੀ ਹੈ। ਸਰੀਰ ਵਿਚ ਦਵਾਈ ਦਾ ਸਤਰ ਇਕਸਾਰ ਰੱਖਣ ਲਈ ਇਸ ਨੂੰ ਹਰ ਰੋਜ਼ ਨਿਸ਼ਚਿਤ ਸਮੇਂ ਤੇ ਹੀ ਲਵੋ।
- **ਇਸ ਦੀ ਦੂਜੀਆਂ ਦਵਾਈਆਂ ਨਾਲ ਪਰਸਪਰ ਪ੍ਰਤੀਕਿਰਿਆ ਹੋ ਸਕਦੀ ਹੈ। ਆਪਣੀ ਟ੍ਰਾਂਸਪਲਾਂਟ ਟੀਮ ਨੂੰ ਆਪਣੀਆਂ ਸਾਰੀਆਂ ਦਵਾਈਆਂ ਬਾਰੇ ਦਸੋ ਜਿਨ੍ਹਾਂ ਵਿਚ (ਡਾਕਟਰ ਦੀ ਪਰਚੀ ਤੋਂ ਬਿਨਾ ਜਾਂ ਜੜੀਆਂ ਬੂਟੀਆਂ ਵਾਲੇ ਪਦਾਰਥ) ਜਿਨ੍ਹਾਂ ਵਿਚ ਹੋਰ ਸਿਹਤ ਸੰਭਾਲ ਕਰਨ ਵਾਲਿਆਂ ਵੱਲੋਂ ਦਿੱਤੀਆਂ ਦਵਾਈਆਂ ਵੀ ਸ਼ਾਮਲ ਹਨ ।**

## ਖ਼ੁਰਾਕ ਭੁੱਲ ਗਏ ਜਾਂ ਖ਼ੁਰਾਕ ਉਲਟੀ ਕਰ ਦਿੱਤੀ: Missed Dose or Vomited Dose:

**ਜੇ ਤੁਸੀਂ ਦਵਾਈ ਦੀ ਖ਼ੁਰਾਕ ਲੈਣੀ ਭੁੱਲ ਜਾਓ** ਤਾਂ ਜਦੋਂ ਯਾਦ ਆਵੇ ਲੈ ਲਵੋ ਅਤੇ ਅਗਲੀ ਖ਼ੁਰਾਕ ਆਪਣੇ ਨਿਸ਼ਚਿਤ ਸਮੇਂ ਤੇ ਲੈ ਲਵੋ। ਪਰ ਜੇ ਸਮਾਂ 12 ਘੰਟਿਆਂ ਤੋਂ ਜ਼ਿਆਦਾ ਹੋ ਗਿਆ ਹੈ ਤਾਂ ਇਹ ਖ਼ੁਰਾਕ ਰਹਿਣ ਦਿਓ ਅਤੇ ਅਗਲੀ ਖ਼ੁਰਾਕ ਹੀ ਟਾਈਮ ਸਿਰ ਲਵੋ। ਕਦੀ ਵੀ ਦੁਗਣੀ ਖ਼ੁਰਾਕ ਜਾਂ ਇੱਕ ਫਾਲਤੂ ਖ਼ੁਰਾਕ ਨਾ ਲਵੋ।

ਜੇ ਦਵਾਈ ਲੈਣ ਦੇ 30 ਮਿੰਟਾਂ ਅੰਦਰ **ਉਲਟੀ ਕਰ ਦਿਓ** ਜਾਂ ਜੇ ਤੁਸੀਂ ਕੁੱਝ ਦਵਾਈ ਉਲਟੀ ਨਾਲ ਬਾਹਰ ਆਉਂਦੀ ਵੇਖੋ ਤਾਂ ਖ਼ੁਰਾਕ ਦੁਬਾਰਾ ਲਵੋ। ਨਹੀਂ ਤਾਂ ਅਗਲੀ ਖ਼ੁਰਾਕ ਸਮੇਂ ਸਿਰ ਲਵੋ।

## ਇਸ ਦਵਾਈ ਦੇ ਸੰਭਾਵਿਤ ਬੁਰੇ ਪ੍ਰਭਾਵ ਕੀ ਹਨ? What are some possible side effects of this medication?

| ***ਬੁਰੇ ਪ੍ਰਭਾਵ Side Effect*** | **ਇਲਾਜ Management** |
|---|---|
| ***ਸਿਰ ਦਰਦ*** | ਠੀਕ ਹੋ ਜਾਏਗੀ, ਤੁਹਾਡਾ ਡਾਕਟਰ ਕਾਊਂਟਰ ਤੇ ਮਿਲਣ ਵਾਲੀ ਦਰਦ ਦੀ ਦਵਾਈ ਦੀ ਸਿਫ਼ਾਰਸ਼ ਕਰ ਸਕਦਾ ਹੈ। |
| ***ਦਿਲ ਕੱਚਾ ਹੋਣਾ, ਉਲਟੀਆਂ, ਦਸਤ*** | ਦਵਾਈ ਖਾਣੇ ਨਾਲ ਲਵੋ। ਜੇ ਲੱਛਣ ਜਾਰੀ ਰਹਿੰਦੇ ਹਨ ਜਾਂ ਪਰੇਸ਼ਾਨੀ ਹੁੰਦੀ ਹੈ ਤਾਂ ਆਪਣੇ ਡਾਕਟਰ ਨੂੰ ਮਿਲੋ। |
| ***ਸੋਜਸ਼*** | ਠੀਕ ਹੋ ਜਾਏਗੀ; ਜੇ ਲੱਛਣ ਜਾਰੀ ਰਹਿੰਦੇ ਹਨ ਜਾਂ ਪਰੇਸ਼ਾਨੀ ਹੁੰਦੀ ਹੈ ਤਾਂ ਆਪਣੇ ਡਾਕਟਰ ਨੂੰ ਮਿਲੋ। |